# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜਸਥਾਨ ਵਿੱਚ, 46 ਹਜ਼ਾਰ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ 24 ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ ।
- ਅੱਜ ਲੋਕ ਸਭਾ ਵਿੱਚ, ਇਕ ਰਾਸ਼ਟਰ-ਇਕ ਚੋਣ ਨਾਲ ਸਬੰਧਤ ਦੋ ਬਿੱਲ ਪੇਸ਼ ਕੀਤੇ ਗਏ ।
- ਭਾਰਤ, ਸਮਾਰਟਫੋਨ ਦੀ ਬਰਾਮਦ ਕਰਨ ਵਾਲਾ, ਦੁਨੀਆ ਦਾ ਤੀਜਾ ਸਭ ਤੋਂ ਵੱਡਾ ਦੇਸ਼ ਬਣਿਆ ।
- ਰਾਸ਼ਟਰੀ ਅੰਕੜਾ ਦਫ਼ਤਰ ਵਲੋਂ ਅਗਲੇ ਸਾਲ ਜਨਵਰੀ ਮਹੀਨੇ ਤੋਂ, ਰਾਸ਼ਟਰੀ ਸੈਂਪਲ ਸਰਵੇਖਣ ਦਾ 80ਵਾਂ ਗੇੜ ਸ਼ੁਰੂ ਹੋਵੇਗਾ ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ, ਤੇਜ਼ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ ।

----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜਸਥਾਨ ਵਿੱਚ 46 ਹਜ਼ਾਰ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ 24 ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਨ੍ਹਾਂ ਵਿੱਚ ਊਰਜਾ, ਸੜਕਾਂ, ਰੇਲਵੇ ਅਤੇ ਪਾਣੀ ਨਾਲ ਸਬੰਧਤ ਪ੍ਰਾਜੈਕਟ ਸ਼ਾਮਲ ਨੇ। ਸ੍ਰੀ ਮੋਦੀ ਸੂਬੇ ਵਿੱਚ ਭਜਨ ਲਾਲ ਸ਼ਰਮਾ ਸਰਕਾਰ ਦੇ ਇੱਕ ਸਾਲ ਪੂਰੇ ਹੋਣ ਮੌਕੇ, ਜੈਪੁਰ ਵਿੱਚ ਕਰਵਾਏ ਇਕ ਸਮਾਗਮ ਵਿੱਚ ਸ਼ਾਮਲ ਹੋਏ।

BYTE:

ਇਨ੍ਹਾਂ ਪ੍ਰੋਜੈਕਟਾਂ ਵਿੱਚ ਪਾਰਵਤੀ, ਕਾਲੀਸਿੰਧ ਅਤੇ ਚੰਬਲ ਲਿੰਕ ਪ੍ਰੋਜੈਕਟ ਸ਼ਾਮਲ ਨੇ, ਜੋ ਰਾਜਸਥਾਨ ਅਤੇ ਮੱਧ ਪ੍ਰਦੇਸ਼ ਨੂੰ ਜੋੜਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਰਾਜਸਥਾਨ ਅਤੇ ਮੱਧ ਪ੍ਰਦੇਸ਼ ਵਿੱਚ ਵਿਕਾਸ ਨੂੰ ਵਧਾਵਾ ਦੇਵੇਗਾ।

----------------------------------------------------------

ਇਕ ਰਾਸ਼ਟਰ-ਇਕ ਚੋਣ ਨਾਲ ਸਬੰਧਤ ਦੋ ਬਿੱਲ, ਅੱਜ ਲੋਕ ਸਭਾ ਵਿੱਚ ਪੇਸ਼ ਕੀਤੇ ਗਏ। ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ,

ਸੰਵਿਧਾਨ (129ਵਾਂ) ਸੋਧ ਬਿੱਲ-2024 ਅਤੇ ਕੇਂਦਰੀ ਸ਼ਾਸਤ ਕਾਨੂੰਨ (ਸੋਧ) ਬਿੱਲ-2024 ਸਦਨ ਵਿੱਚ ਪੇਸ਼ ਕੀਤਾ। ਕਾਨੂੰਨ ਮੰਤਰੀ ਨੇ ਜਿਵੇਂ ਹੀ ਸਦਨ ਵਿੱਚ ਬਿੱਲ ਪੇਸ਼ ਕੀਤੇ, ਤਾਂ ਵਿਰੋਧੀ ਪਾਰਟੀਆਂ ਨੇ ਵੋਟਾਂ ਦੀ ਵੰਡ ਦੀ ਮੰਗ ਕੀਤੀ। 269 ਮੈਂਬਰਾਂ ਨੇ ਬਿੱਲ ਨੂੰ ਪੇਸ਼ ਕਰਨ ਦੇ ਪੱਖ 'ਚ, ਅਤੇ 198 ਮੈਂਬਰਾਂ ਨੇ ਵਿਰੋਧ 'ਚ ਵੋਟਿੰਗ ਕੀਤੀ। ਕਾਂਗਰਸ, TMC, ਸਮਾਜਵਾਦੀ ਪਾਰਟੀ, DMK, ਸ਼ਿਵ ਸੈਨਾ ਊਧਵ ਠਾਕਰੇ ਧੜੇ, ਮਾਰਕਸਵਾਦੀ ਕਮਿਊਨਿਸਟ ਪਾਰਟੀ ਅਤੇ ਹੋਰ ਵਿਰੋਧੀ ਪਾਰਟੀਆਂ ਨੇ, ਬਿੱਲ ਨੂੰ ਪੇਸ਼ ਕਰਨ ਦਾ ਵਿਰੋਧ ਕੀਤਾ ਅਤੇ ਇਸ ਨੂੰ ਸੰਵਿਧਾਨ ਦੇ ਮੂਲ ਢਾਂਚੇ 'ਤੇ ਹਮਲਾ ਕਰਾਰ ਦਿੱਤਾ। ਉਨ੍ਹਾਂ ਬਿੱਲ ਨੂੰ ਜਾਂਚ ਲਈ, ਸਾਂਝੀ ਸੰਸਦੀ ਕਮੇਟੀ ਕੋਲ ਭੇਜਣ ਦੀ ਮੰਗ ਕੀਤੀ।

ਸ੍ਰੀ ਮੇਘਵਾਲ ਨੇ, ਵਿਰੋਧੀ ਪਾਰਟੀਆਂ ਦੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਇਹ ਬਿੱਲ, ਸੰਵਿਧਾਨ ਦੇ ਮੂਲ ਢਾਂਚੇ ਦੇ ਖ਼ਿਲਾਫ਼ ਨਹੀਂ ਏ । ਉਨ੍ਹਾਂ ਬਿੱਲਾਂ ਨੂੰ ਸਾਂਝੀ ਸੰਸਦੀ ਕਮੇਟੀ ਕੋਲ ਭੇਜਣ ਦੀ ਤਜਵੀਜ਼ ਰੱਖੀ । ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਡਾ: ਭੀਮ ਰਾਓ ਅੰਬੇਡਕਰ ਦੇ ਬਿਆਨ ਦਾ ਹਵਾਲਾ ਦਿੰਦਿਆਂ, ਸ੍ਰੀ ਮੇਘਵਾਲ ਨੇ ਕਿਹਾ ਕਿ ਸੰਵਿਧਾਨ ਦੇ ਸੰਘੀ ਢਾਂਚੇ

ਨੂੰ ਕੋਈ ਨਹੀਂ ਬਦਲ ਸਕਦਾ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ, 'ਇਕ ਰਾਸ਼ਟਰ-ਇਕ ਚੋਣ' ਨੂੰ, ਦੇਸ਼ ਲਈ ਅਹਿਮ ਮੁੱਦਾ ਦੱਸਿਆ ਏ । ਸ਼੍ਰੀ ਰਿਜਿਜੂ ਨੇ ਕਿਹਾ ਕਿ ਇਹ ਮੁੱਦਾ, ਕਿਸੇ ਪਾਰਟੀ ਜਾਂ ਵਿਅਕਤੀ ਲਈ ਨਹੀਂ, ਸਗੋਂ ਦੇਸ਼ ਲਈ ਫਾਇਦੇਮੰਦ ਏ ।

-----------------------------------------------------

ਭਾਰਤ, ਸਮਾਰਟਫੋਨ ਦੀ ਬਰਾਮਦ ਕਰਨ ਵਾਲਾ, ਦੁਨੀਆ ਦਾ ਤੀਜਾ ਸਭ ਤੋਂ ਵੱਡਾ  ਦੇਸ਼ ਬਣ ਗਿਆ ਏ । 2019 ਵਿੱਚ ਇਹ 23ਵੇਂ ਸਥਾਨ 'ਤੇ ਸੀ । ਨਵੰਬਰ 'ਚ ਇਕ ਹੀ ਮਹੀਨੇ 'ਚ, ਸਮਾਰਟਫੋਨ ਦੀ ਬਰਾਮਦ 20 ਹਜ਼ਾਰ ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਈ ਏ । ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ, ਸੋਸ਼ਲ ਮੀਡੀਆ 'ਤੇ ਇਸ ਉਪਲਬਧੀ ਦੀ ਸ਼ਲਾਘਾ ਕੀਤੀ ਅਤੇ ਇਸ ਨੂੰ 'ਮੇਕਿੰਗ ਭਾਰਤ ਸਟੋਰੀ' ਦੱਸਿਆ।

-----------------------------------------------------

ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਹੇਠ, ਰਾਸ਼ਟਰੀ ਅੰਕੜਾ ਦਫ਼ਤਰ ਵਲੋਂ ਜਨਵਰੀ, 2025 ਤੋਂ ਰਾਸ਼ਟਰੀ  ਸੈਂਪਲ ਸਰਵੇਖਣ ਦਾ

80ਵਾਂ ਗੇੜ ਸ਼ੁਰੂ ਹੋ ਰਿਹਾ ਏ । ਇਸ ਬਾਰੇ ਖੇਤਰੀ ਦਫ਼ਤਰ ਜਲੰਧਰ ਵੱਲੋਂ ਇਕ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ ਏ, ਜਿਸ ਵਿਚ 80ਵੇਂ ਗੇੜ ਲਈ ਖੇਤਰ ਦੇ, ਸੀਨੀਅਰ ਤੇ ਜੂਨੀਅਰ ਅੰਕੜਾ ਅਧਿਕਾਰੀ, ਸਰਵੇਖਣ ਗਿਣਤੀਕਾਰ, ਸਰਵੇ ਸੁਪਰ-ਵਾਇਜ਼ਰਜ਼ ਅਤੇ ਪੰਜਾਬ ਅਰਥ ਸ਼ਾਸਤਰ ਅਤੇ ਅੰਕੜੇ ਬਾਰੇ ਡਾਇਰੈਕਟੋਰੇਟ ਦੇ ਨੁਮਾਇੰਦਿਆਂ ਨੂੰ ਸਿਖਲਾਈ ਦਿੱਤੀ ਜਾ ਰਹੀ ਏ।

***ਵੇਰਵੇ ਨਾਲ ਇਕ ਰਿਪੋਰਟ :RNU171224***

***ਖੇਤਰੀ ਦਫ਼ਤਰ ਜਲੰਧਰ ਦੇ ਸੰਯੁਕਤ ਨਿਰਦੇਸ਼ਕ, ਸ੍ਰੀਮਤੀ ਪੱਲਵੀ ਅਗਰਵਾਲ ਸ੍ਰੀਵਾਸਤਵ ਨੇ ਦੱਸਿਆ ਕੇ ਇਸ ਸਰਵੇ ਦੇ 80ਵੇਂ ਰਾਊਂਡ ਦੇ ਮੁੱਖ ਵਿਸ਼ੇ ਸਿਹਤ ਅਤੇ ਵਿਆਪਕ ਮਾਡਿਊਲਰ ਸਰਵੇਖਣ ਹਨ। ਇਸ ਵਿਚ ਸਿਹਤ ਸਬੰਧੀ ਸਰਵੇ ਜਨਵਰੀ, 2025 ਤੋਂ ਦਸੰਬਰ, 2025 ਤੱਕ ਚੱਲੇਗਾ ਅਤੇ ਵਿਆਪਕ ਮਾਡਿਊਲਰ ਸਰਵੇ ਜਨਵਰੀ, 2025 ਤੋਂ ਮਾਰਚ, 2025 ਤੱਕ ਚੱਲੇਗਾ। ਉਨ੍ਹਾਂ ਕਿਹਾ ਕਿ ਇਸ ਸਿਖਲਾਈ ਦਾ ਮੁੱਖ ਉਦੇਸ਼ ਫੀਲਡ ਵਿੱਚ ਇਕੱਤਰ ਕੀਤੇ ਜਾਂਦੇ ਅੰਕੜਿਆਂ ਨੂੰ ਹੋਰ ਬਿਹਤਰ ਢੰਗ ਨਾਲ ਇਕੱਤਰ ਕਰਨਾ ਏ ਕਿਉਂਕੇ***

*ਇਹ ਅੰਕੜੇ ਸਰਕਾਰ ਨੂੰ ਪਾਲਿਸੀ ਬਣਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਨੇ । ਸ੍ਰੀਮਤੀ ਪੱਲਵੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਦੋ ਸਰਵੇ ਹੋਰ ਕੀਤੇ ਜਾ ਰਹੇ ਹਨ।*

***BYTE of Mrs. Pallavi***

*ਇਹ ਸਿਖਲਾਈ ਕੈਂਪ 17 ਤੋਂ 20 ਦਸੰਬਰ ਤੱਕ ਚਲੇਗਾ ਅਤੇ ਉਸਤੋਂ ਬਾਅਦ ਸਾਰੇ ਸਿਖਿਆਰਥੀਆਂ ਨੂੰ ਫ਼ੀਲਡ ਦਾ ਗਿਆਨ ਕਰਵਾਇਆ ਜਾਏਗਾ । ਰਾਜੇਸ਼ ਬਾਲੀ / ਆਕਾਸ਼ਵਾਣੀ ਖਬਰਾਂ / ਜਲੰਧਰ*

---

ਆਕਾਸ਼ਵਾਣੀ ਅਤੇ ਦੂਰਦਰਸ਼ਨ ਪੈਨਸ਼ਨਰਾਂ ਦੀ ਸੰਸਥਾ ਵੱਲੋਂ ਅੱਜ, ਆਪਣਾ 30ਵਾਂ ਪੈਨਸ਼ਨਰ ਦਿਵਸ ਮਨਾਇਆ ਗਿਆ । ਸੰਸਥਾ ਦੇ ਪ੍ਰਧਾਨ ਗੌਰੀ ਦਾ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਦੌਰਾਨ, ਕੇਂਦਰ ਸਰਕਾਰ ਨਾਲ ਸੰਬੰਧਿਤ ਪੈਨਸ਼ਨਰਾਂ ਦੀਆਂ ਸਮਸਿਆਵਾਂ ਅਤੇ ਉਨ੍ਹਾਂ ਦੇ ਨਿਪਟਾਰੇ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਉਹਨਾਂ ਦੱਸਿਆ ਕਿ ਸੰਸਥਾ ਨਾਲ ਕੁਝ ਬਾਹਰਲੇ ਮੁਲਕਾਂ ਵਿੱਚ ਰਹਿ ਰਹੇ ਐਨ.ਆਰ.ਆਈ ਵੀ ਜੁੜੇ ਹੋਏ ਨੇ ।

---

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਿਸ ਸਟੇਸ਼ਨ 'ਤੇ ਹੋਏ ਹਮਲੇ ਤੋਂ ਬਾਅਦ ਅੰਮ੍ਰਿਤਸਰ ਦੇ ਪੁਲਿਸ ਅਧਿਕਾਰੀਆਂ ਨੂੰ ਇਸ ਦੀ ਪੂਰੀ ਛਾਣਬੀਣ ਕਰਨ ਅਤੇ ਹਮਲਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਹਿਦਾਇਤ ਕੀਤੀ। ਗੌਰਵ ਯਾਦਵ ਅੱਜ ਪੁਲਿਸ ਸਟੇਸ਼ਨ 'ਤੇ ਹੋਏ ਹਮਲੇ ਤੋਂ ਬਾਅਦ, ਅਮਨ-ਕਾਨੂੰਨ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਅੰਮ੍ਰਿਤਸਰ ਗਏ ਸਨ । ਉਨ੍ਹਾਂ ,ਅੰਮ੍ਰਿਤਸਰ ਕਮਿਸ਼ਨਰੇਟ, ਅੰਮ੍ਰਿਤਸਰ ਦਿਹਾਤੀ, ਬਟਾਲਾ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਸਾਰੇ ਅਧਿਕਾਰੀਆਂ ਅਤੇ ਐਸ.ਐਚ.ਓਜ਼. ਨਾਲ ਮੀਟਿੰਗ ਕੀਤੀ। ਮੁੱਖ ਪੁਲਿਸਿੰਗ ਤਰਜੀਹਾਂ ਜਿਵੇਂ ਅੱਤਵਾਦ ਵਿਰੋਧੀ, ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਸਟ੍ਰੀਟ ਕ੍ਰਾਈਮ 'ਤੇ ਧਿਆਨ ਕੇਂਦਰਿਤ ਕਰਨ ਤੇ ਜ਼ੋਰ ਦਿੱਤਾ ਗਿਆ। ਸਾਰੇ ਅਧਿਕਾਰੀਆਂ ਨੂੰ ਪੇਸ਼ੇਵਰ ਪੁਲਿਸਿੰਗ ਨੂੰ ਯਕੀਨੀ ਬਣਾਉਣ ਅਤੇ ਕਾਨੂੰਨ ਤੋੜਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼

ਦਿੱਤੇ ਗਏ ਨੇ । ਅਪਰਾਧਾਂ ਦਾ ਪਤਾ ਲਗਾਉਣ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਯਕੀਨੀ ਬਣਾਉਣ ਲਈ, ਤਕਨੀਕੀ ਅਤੇ ਫੋਰੈਂਸਿਕ ਸਾਧਨਾਂ ਦੀ ਵਰਤੋਂ ਕਰਕੇ ਪੇਸ਼ੇਵਰ ਅਤੇ ਵਿਗਿਆਨਕ ਢੰਗ ਨਾਲ ਜਾਂਚ ਕਰਨ ਲਈ ਕਿਹਾ ਗਿਆ। ਪੰਜਾਬ ਪੁਲਿਸ ਅਪਰਾਧ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਤੇ ਸੂਬੇ ਦੇ ਹਰੇਕ ਨਾਗਰਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਪੂਰੀ ਤਰ੍ਹਾਂ ਵਚਨਬੱਧ ਏ । ਇਸਤੋਂ ਬਾਅਦ ਪੁਲਿਸ ਮੁਖੀ ਨੇ, ਜਲੰਧਰ ਕਮਿਸ਼ਨਰੇਟ, ਜਲੰਧਰ ਦਿਹਾਤੀ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ ਅਤੇ ਕਪੂਰਥਲਾ ਜ਼ਿਲ੍ਹਿਆਂ ਦੇ ਅਧਿਕਾਰੀਆਂ ਅਤੇ SHOs ਨਾਲ ਵੀ ਇੱਕ ਵਿਆਪਕ ਮੀਟਿੰਗ ਕੀਤੀ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ।

---------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਅੱਜ ਇਕ ਵਿਸ਼ੇਸ਼ ਓਪਰੇਸ਼ਨ ਦੌਰਾਨ,ਪੈਟਰੋਲ ਪੰਪ ਲੁੱਟਣ ਦੀ ਯੋਜਨਾ ਬਣਾਉਣ ਅਤੇ ਚੋਰੀ, ਡਕੈਤੀ ਅਤੇ ਲੁਟਾਂ-ਖੋਹਾਂ ਦੇ ਕਈ ਮਾਮਲਿਆਂ ਵਿੱਚ ਸ਼ਾਮਲ, ਇੱਕ ਗਿਰੋਹ ਦੇ ਪੰਜ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਏ ।

ਇਹ ਆਪ੍ਰੇਸ਼ਨ ਸੰਗਠਿਤ ਅਪਰਾਧ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ, ਅਪਰਾਧਾਂ ਨੂੰ ਰੋਕਣ ਲਈ ਜ਼ਿਲ੍ਹਾ-ਵਿਆਪੀ ਮੁਹਿੰਮ ਦੇ ਹਿੱਸੇ ਵਜੋਂ ਕੀਤਾ ਗਿਆ ਸੀ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਜਲੰਧਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਭਰੋਸੇਯੋਗ ਸੂਚਨਾ 'ਤੇ ਤੁਰੰਤ ਕਾਰਵਾਈ ਕਰਦੇ ਹੋਏ, ਪੁਲਿਸ ਟੀਮ ਨੇ ਮੁਲਜ਼ਮਾਂ ਨੂੰ ਫਿਲੌਰ ਨੇੜੇ ਨਵਾਂ ਸ਼ਹਿਰ ਸੜਕ 'ਤੇ ਇਕ ਵਿਸ਼ੇਸ਼ ਆਪ੍ਰੇਸ਼ਨ ਦੌਰਾਨ, ਕਾਬੂ ਕਰ ਲਿਆ। ਇਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ ਦੇ ਤਿੰਨ ਮੋਟਰਸਾਈਕਲ, ਚਾਰ ਮੋਬਾਈਲ ਫੋਨ, ਤਿੰਨ ਖੰਜਰ ਅਤੇ ਇੱਕ ਲੋਹੇ ਦੀ ਰਾਡ ਬਰਾਮਦ ਕੀਤੀ ਏ । ਮੁਲਜ਼ਮ, ਸ਼ਾਹਰਾਹ 'ਤੇ ਲੁੱਟਾਂ-ਖੋਹਾਂ ਅਤੇ ਚੋਰੀਆਂ ਕਰਨ ਵਿੱਚ ਸਰਗਰਮੀ ਨਾਲ ਸ਼ਾਮਲ ਸਨ। ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ, ਹੋਰ ਪੁੱਛ-ਗਿੱਛ ਲਈ ਪੁਲੀਸ ਰਿਮਾਂਡ ਹਾਸਲ ਕੀਤਾ ਗਿਆ ਏ ਤਾਂ ਜੋ ਉਨ੍ਹਾਂ ਦੇ ਨੈੱਟਵਰਕ ਦਾ ਪਤਾ ਲਗਾਇਆ ਜਾ ਸਕੇ ।

---

ਸੀ ਆਈ.ਏ. ਸਟਾਫ ਖ਼ਰੜ ਦੀ ਟੀਮ ਵੱਲੋਂ ਚੋਰ ਗਿਰੋਹ ਦਾ ਪਰਦਾਫਾਸ

ਕਰਦੇ ਹੋਏ 2 ਜਣਿਆਂ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ ਚੋਰੀ ਕੀਤੇ ਕਰੀਬ 17 ਤੋਲੇ ਸੋਨੇ ਅਤੇ ਹੋਰ ਗਹਿਣੇ ਬਰਾਮਦ ਕੀਤੇ ਨੇ। ਜਾਂਚ ਬਾਰੇ ਮੁਹਾਲੀ ਦੇ ਉਪ ਕਪਤਾਨ ਪੁਲਿਸ ਤਲਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਪੁੱਛਗਿੱਛ ਤੇ ਖੁਲਾਸਾ ਹੋਇਆ ਕਿ ਫੜੇ ਗਏ ਦੋਨੋਂ ਮੁਲਜ਼ਮ, ਦੋਸ਼ੀ ਸਕੇ ਭਰਾ ਨੇ ਅਤੇ ਹਰਿਆਣਾ ਦੇ ਕੈਥਲ ਵਾਸੀ ਨੇ । ਉਨ੍ਹਾਂ ਦਸਿਆ ਕਿ ਸਾਲ 2007 ਤੋਂ ਚੋਰੀਆਂ ਕਰਦੇ ਆ ਰਹੇ ਨੇ । ਇਹਨਾਂ ਖਿਲਾਫ ਜਿਲਾ ਪਟਿਆਲਾ, ਅਤੇ ਹਰਿਆਣਾ ਵਿੱਚ ਵੱਖ-ਵੱਖ ਮੁਕੰਦਮੇ ਦਰਜ ਨੇ । ਪੁਲਿਸ ਰਿਮਾਂਡ ਹਾਸਲ ਕਰਕੇ ਅਗਲੇਰੀ ਕਾਰਵਾਈ ਜਾਰੀ ਏ।

-----------------------------------------------------

ਗੁਰਦਾਸਪੁਰ ਦੇ ਪਸ਼ੂ ਪਾਲਣ ਵਿਭਾਗ ਵੱਲੋਂ ਐਸਕਾਡ ਸਕੀਮ ਤਹਿਤ ਅੱਜ ਪਿੰਡ ਗਜਨੀਪੁਰ ਵਿਖੇ ਜ਼ਿਲ੍ਹਾ ਪੱਧਰੀ ਪਸ਼ੂ ਭਲਾਈ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ । ਇਸ ਕੈਂਪ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਚੇਅਰਮੈਨ ਨੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ

ਜਾਗਰੂਕਤਾ ਕੈਂਪ ਲਗਾ ਕੇ ਵਧੀਆ ਉਪਰਾਲਾ ਕੀਤਾ ਗਿਆ ਏ, ਜਿਸ ਦਾ ਪਸ਼ੂ ਪਾਲਕਾਂ ਨੂੰ ਬਹੁਤ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਕੈਂਪ ਜਰੀਏ ਪਸ਼ੂ ਪਾਲਕਾਂ ਨੂੰ ਆਪਣੇ ਪਸ਼ੂਆਂ ਦੀ ਸੰਭਾਲ ਸਬੰਧੀ ਮਾਹਿਰਾਂ ਕੋਲੋਂ ਬਹੁਤ ਵਧੀਆ ਜਾਣਕਾਰੀ ਮਿਲੀ ਏ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਵੀ ਦੱਸਿਆ ਗਿਆ ਏ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ, ਕਿਸਾਨਾਂ ਨੂੰ ਖੇਤੀਬਾੜੀ ਨਾਲ ਸਬੰਧਿਤ ਸਹਾਇਕ ਧੰਦੇ ਸ਼ੁਰੂ ਕਰਨ ਲਈ ਮੁਫ਼ਤ ਸਿਖਲਾਈ ਅਤੇ ਸਬਸਿਡੀ ਉੱਪਰ ਕਰਜ਼ੇ ਵੀ ਦਿੱਤੇ ਜਾ ਰਹੇ ਨੇ । ਉਨ੍ਹਾਂ ਨੌਜਵਾਨ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ, ਐਗਰੋ ਬਿਜ਼ਨਸ ਨੂੰ ਅਪਣਾਉਣ ਅਤੇ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਉਠਾਉਂਦੇ ਹੋਏ ਆਪਣੀ ਆਮਦਨ ਵਿੱਚ ਵਾਧਾ ਕਰਨ। ਕੈਂਪ ਦੌਰਾਨ ਮਾਹਿਰਾਂ ਨੇ ਵੱਖ ਵੱਖ ਬਿਮਾਰੀਆਂ ਦੀ ਰੋਕਥਾਮ ਬਾਰੇ ਵਿਸਥਾਰ ਵਿੱਚ ਦੱਸਿਆ । ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਜਸਪ੍ਰੀਤ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਕਿਸਾਨਾਂ ਨੂੰ ਡੇਅਰੀ ਫਾਰਮਿੰਗ, ਬੱਕਰੀ ਪਾਲਣ, ਸੂਰ ਪਾਲਣ, ਪੋਲਟਰੀ ਫਾਰਮ ਸਹਾਇਕ ਕਿੱਤੇ ਸ਼ੁਰੂ ਕਰਨ ਲਈ ਮੁਫ਼ਤ ਸਿਖਲਾਈ ਦਿੱਤੀ ਜਾ ਰਹੀ ਏ

। ਉਨ੍ਹਾਂ ਪਸ਼ੂ ਪਾਲਕਾਂ ਲਈ ਸ਼ੁਰੂ ਕੀਤੀ ਕਿਸਾਨ ਕ੍ਰੈਡਿਟ ਕਾਰਡ ਯੋਜਨਾ ਬਾਰੇ ਵੀ ਵਿਸਥਾਰ ਵਿੱਚ ਦੱਸਿਆ।

-----------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ, ਤੇਜ਼ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ । ਆਕਾਸ਼ਵਾਣੀ ਸਮਾਚਾਰ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ, ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦੱਸਿਆ ।

-----------------------------------------------

**<u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜਸਥਾਨ ਵਿੱਚ, 46 ਹਜ਼ਾਰ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ 24 ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ ।
- ਅੱਜ ਲੋਕ ਸਭਾ ਵਿੱਚ, ਇਕ ਰਾਸ਼ਟਰ-ਇਕ ਚੋਣ ਨਾਲ ਸਬੰਧਤ ਦੋ ਬਿੱਲ ਪੇਸ਼ ਕੀਤੇ ਗਏ ।

- ਭਾਰਤ, ਸਮਾਰਟਫੋਨ ਦੀ ਬਰਾਮਦ ਕਰਨ ਵਾਲਾ, ਦੁਨੀਆ ਦਾ ਤੀਜਾ ਸਭ ਤੋਂ ਵੱਡਾ ਦੇਸ਼ ਬਣਿਆ ।
- ਰਾਸ਼ਟਰੀ ਅੰਕੜਾ ਦਫ਼ਤਰ ਵਲੋਂ ਅਗਲੇ ਸਾਲ ਜਨਵਰੀ ਮਹੀਨੇ ਤੋਂ, ਰਾਸ਼ਟਰੀ ਸੈਂਪਲ ਸਰਵੇਖਣ ਦਾ 80ਵਾਂ ਗੇੜ ਸ਼ੁਰੂ ਹੋਵੇਗਾ ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ, ਤੇਜ਼ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ ।